ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਾਜ਼ਿਲਕਾ

717667 ਮੀਟ੍ਰਿਕ ਟਨ ਕਣਕ ਦੀ ਹੋਈ ਆਮਦ-ਈਸ਼ਾ ਕਾਲੀਆ

715230 ਮੀਟ੍ਰਿਕ ਟਨ ਕਣਕ ਦੀ ਕੀਤੀ ਗਈ ਖਰੀਦ

1117.21 ਕਰੋੜ ਦੀ ਕੀਤੀ ਜਾ ਚੁੱਕੀ ਹੈ ਅਦਾਇਗੀ

ਫਾਜ਼ਿਲਕਾ 01 ਮਈ

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਪੁੱਜੀ ਕਣਕ ਦੀ ਵੱਖ-ਵੱਖ ਖਰੀਦ ਏਜੰਸੀਆ ਵੱਲੋਂ ਨਾਲੋ-ਨਾਲ ਖਰੀਦ ਅਤੇ ਲਿਫਟਿੰਗ ਦਾ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਣਕ ਦੀ ਖਰੀਦ ਸਮੇਂ ਕਿਸੇ ਤਰ੍ਹਾਂ ਦੀ ਦਿਕਤ ਨਹੀਂ ਆਉਣ ਦਿੱਤੀ ਜਾ ਰਹੀ ਹੈ। ਇਸ ਦੌਰਾਨ ਉਨ੍ਹਾਂ ਕਿਸਾਨਾਂ ਨੂੰ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਦੀ ਵੀ ਅਪੀਲ ਕੀਤੀ ਹੈ।

ਡਿਪਟੀ ਕਮਿਸ਼ਨਰ ਸ਼੍ਰੀਮਤੀ ਈਸ਼ਾ ਕਾਲੀਆ ਨੇ ਹੋਰ ਦੱਸਿਆ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ 'ਚ ਹੁਣ ਤੱਕ 717667 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿੱਚੋਂ 715230 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਇਸੇ ਤਰ੍ਹਾਂ ਕਿਸਾਨਾਂ ਨੂੰ ਹੁਣ ਤੱਕ 1117 ਕਰੋੜ 21 ਲੱਖ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਹੈ ਕਿ ਕਣਕ ਦੇ ਮੰਡੀਕਰਨ ਦੌਰਾਨ ਆਉਣ ਵਾਲੀਆਂ ਮੁਸ਼ਕਿਲਾਂ ਦੇ ਹੱਲ ਲਈ ਉਪ ਮੰਡਲ ਪੱਧਰ 'ਤੇ ਝਗੜਾ ਨਿਪਟਾਊ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ ਜਿਸ ਦੇ ਚੇਅਰਮੈਨ ਸਬੰਧਤ ਐਸ.ਡੀ.ਐਮ. ਨਿਯੁਕਤ ਕੀਤੇ ਗਏ ਹਨ ਅਤੇ ਇਸ ਕਮੇਟੀ ਵਿਚ ਆੜਤੀਆਂ ਸਮੇਤ ਸਾਰੀਆਂ ਧਿਰਾਂ ਦੇ ਨੁਮਾਇੰਦੇ ਸ਼ਾਮਲ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਮੰਡੀਕਰਨ ਦੌਰਾਨ ਕੋਈ ਮੁਸਕਿਲ ਆ ਰਹੀ ਹੋਵੇ ਤਾਂ ਤੁਰੰਤ ਲਿਖਤੀ ਤੌਰ ਤੇ ਇੰਨ੍ਹਾਂ ਕਮੇਟੀਆਂ ਕੋਲ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਮੈਡਮ ਗੀਤਾ ਵਿਸ਼ੰਭੂ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ ਪਨਗ੍ਰੇਨ ਵੱਲੋਂ 129621 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 172034 ਮੀਟ੍ਰਿਕ ਟਨ, ਪਨਸਪ ਵੱਲੋਂ 168322 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 76708 ਮੀਟ੍ਰਿਕ ਟਨ, ਪੰਜਾਬ ਐਗਰੋ ਵੱਲੋਂ 59000 ਮੀਟ੍ਰਿਕ ਟਨ ਅਤੇ ਐਫ.ਸੀ.ਆਈ. ਵੱਲੋਂ 109545 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ।